# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 16-11-2025**

## ਪਿਹਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਰਾਸ਼ਟਰੀ ਪ੍ਰੈਸ ਦਿਵਸ ਮੌਕੇ Manorama Newsmaker Award ਪ੍ਰਦਾਨ ਕੀਤਾ.
- ਪੰਜਾਬ ਮੰਤਰੀਮੰਡਲ ਨੇ ਪਰਿਵਾਰ ਭਲਾਈ ਵਿਭਾਗ ਵਿਚ 311 ਨਰਸਾਂ ਦੀ ਭਰਤੀ ਸਮੇਤ ਕਈ ਅਹਿਮ ਫੈਸਲਿਆਂ ਨੂੰ ਮਨਜ਼ੂਰ ਕੀਤਾ.
- ਦੇਸ਼ ਅੱਜ ਗ਼ਦਰ ਲਹਿਰ ਦੇ ਮਹਾਨਾਇਕ ਸ਼ਹੀਦ ਸਰਦਾਰ ਕਰਤਾਰ ਸਿੰਘ ਸਰਾਭਾ ਸਮੇਤ ਸੱਤ ਗ਼ਦਰੀ ਯੋਧਿਆਂ ਦੀ ਸ਼ਹਾਦਤ ਨੂੰ ਨਮਨ ਕਰ ਰਿਹਾ ਏ.

- ਪੰਜਾਬ ਪੁਲਿਸ ਨੇ ਪੰਜ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਪਾਕਿਸਤਾਨ ਨਾਲ ਜੁੜੇ ਹਥਿਆਰਾਂ ਅਤੇ ਨਾਰਕੋ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ ।
- ਵਿਸ਼ਵ ਮੁੱਕੇਬਾਜ਼ੀ ਕੱਪ ਦੇ ਫਾਈਨਲਸ ਦੇ ਪਹਿਲੇ ਦਿਨ, ਭਾਰਤ ਦੀ ਜੇਤੂ ਸ਼ੁਰੂਆਤ, ਚਾਰੇ ਮੁੱਕੇਬਾਜ਼ ਸੈਮੀਫਾਈਨਲ ਵਿੱਚ ਪਹੁੰਚੇ।

**ਹੁਣ ਖਬਰਾਂ ਵਿਸਥਾਰ ਨਾਲ**

--------------------------------------------------

ਅੱਜ ਰਾਸ਼ਟਰੀ PRESS ਦਿਵਸ ਏ. ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਇਸ ਮੌਕੇ ਨਵੀਂ ਦਿੱਲੀ ਵਿੱਚ Manorama Newsmaker Awards 2024 ਸਮਾਰੋਹ ਵਿੱਚ ਹਿੱਸਾ ਲਿਆ. ਸਮਾਰੋਹ ਨੂੰ ਸੰਬੋਧਨ ਕਰਦਿਆਂ ਓਹਨਾਂ ਨੌਜਵਾਨਾਂ ਵਿੱਚ ਆਸ਼ਾਵਾਦ ਨੂੰ ਪ੍ਰੇਰਿਤ ਕਰਨ ਲਈ ਦੇਸ਼ ਦੇ ਸਕਾਰਾਤਮਕ ਵਿਕਾਸ ਨੂੰ ਉਜਾਗਰ ਕਰਨ ਵਿੱਚ ਮੀਡੀਆ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ. ਉਨ੍ਹਾਂ ਕਿਹਾ ਕਿ ਪੱਤਰਕਾਰੀ ਬੇ- ਆਵਾਜ਼ ਲੋਕਾਂ ਨੂੰ ਆਵਾਜ਼ ਦੇਣ ਦਾ ਕੰਮ ਕਰਦੀ ਏ । ਉਨ੍ਹਾਂ ਨੇ ਜਾਗਰੂਕਤਾ ਫੈਲਾ ਕੇ ਅਤੇ ਜ਼ਿੰਮੇਵਾਰ ਜਨਤਕ

ਸੰਵਾਦ ਨੂੰ ਨੁਹਾਰ ਦੇ ਕੇ ਨਸ਼ਾ ਮੁਕਤ ਸਮਾਜ ਸਿਰਜਣ ਵਿੱਚ ਮੀਡੀਆ ਦੀ ਮਹੱਤਵਪੂਰਨ ਭੂਮਿਕਾ 'ਤੇ ਹੋਰ ਵੀ ਜ਼ੋਰ ਦਿੱਤਾ। ਇਸ ਮੌਕੇ 'ਤੇ, ਸ਼੍ਰੀ ਰਾਧਾਕ੍ਰਿਸ਼ਨਨ ਨੇ ਕੇਂਦਰੀ ਸੈਰ-ਸਪਾਟਾ ਅਤੇ ਪੈਟਰੋਲੀਅਮ ਅਤੇ ਕੁਦਰਤੀ ਗੈਸ ਰਾਜ ਮੰਤਰੀ ਸੁਰੇਸ਼ ਗੋਪੀ ਨੂੰ Manorama Newsmaker Award ਪ੍ਰਦਾਨ ਕੀਤਾ.

ਰਾਸ਼ਟਰੀ ਪ੍ਰੈਸ ਦਿਵਸ ਦੇ ਮੌਕੇ 'ਤੇ, ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਪ੍ਰੈਸ ਭਾਰਤ ਦੇ ਲੋਕਤੰਤਰ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਏ । ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਸ਼੍ਰੀ ਵੈਸ਼ਨਵ ਨੇ ਕਿਹਾ ਕਿ ਪ੍ਰੈਸ ਦਿਵਸ 'ਤੇ ਪ੍ਰੈਸ ਦੀ ਭਰੋਸੇਯੋਗਤਾ ਵਧਾਉਣ ਅਤੇ ਗਲਤ ਜਾਣਕਾਰੀ ਦਾ ਮੁਕਾਬਲਾ ਕਰਨ ਲਈ ਇੱਕ LECTURE ਕਰਾਇਆ ਗਿਆ ਏ. ਉਨ੍ਹਾਂ ਨੇ ਇਸ ਮੌਕੇ 'ਤੇ ਪ੍ਰੈਸ ਅਤੇ ਮੀਡੀਆ ਸਨਅਤ ਵਿੱਚ ਕੰਮ ਕਰਨ ਵਾਲੇ ਸਾਰੇ ਲੋਕਾਂ ਨੂੰ ਵਧਾਈ ਦਿੱਤੀ- byte -

ਸੂਚਨਾ ਅਤੇ ਪ੍ਰਸਾਰਣ ਰਾਜ ਮੰਤਰੀ ਡਾ. ਐਲ. ਮੁਰੂਗਨ, ਮੰਤਰਾਲੇ ਦੇ ਸਕੱਤਰ ਸੰਜੇ ਜਾਜੂ ਅਤੇ ਭਾਰਤੀ PRESS ਕੌਂਸਲ ਦੇ ਚੇਅਰਪਰਸਨ ਜਸਟਿਸ ਰੰਜਨਾ ਪ੍ਰਕਾਸ਼ ਦੇਸਾਈ ਵੀ ਇਸ ਮੌਕੇ 'ਤੇ ਮੌਜੂਦ ਸਨ।

ਰਾਸ਼ਟਰੀ ਪ੍ਰੈਸ ਦਿਵਸ ਹਰ ਸਾਲ 16 ਨਵੰਬਰ ਨੂੰ ਮਨਾਇਆ ਜਾਂਦਾ ਏ। ਭਾਰਤੀ PRESS ਕਾਉਂਸਿਲ ਦੀ ਸਥਾਪਨਾ ਇਸੇ ਦਿਨ ਹੋਈ ਸੀ ਅਤੇ ਇਸਨੇ 1966 ਵਿੱਚ ਪੱਤਰਕਾਰੀ ਦੇ ਚੌਥੇ ਥੰਮ੍ਹ ਵਜੋਂ ਸੁਤੰਤਰ ਤੌਰ 'ਤੇ ਕੰਮ ਕਰਨਾ ਸ਼ੁਰੂ ਕੀਤਾ ਸੀ।

---------------------------------------------------------------

ਪੰਜਾਬ ਵਿਚ ਸਿਹਤ ਸੰਭਾਲ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਦੇ ਮਿਸ਼ਨ ਤਹਿਤ ਮਹੱਤਵਪੂਰਨ ਫੈਸਲਾ ਲੈਂਦਿਆਂ ਪੰਜਾਬ ਮੰਤਰੀ ਮੰਡਲ ਨੇ ਕੱਲ੍ਹ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵਿਚ 311 ਨਰਸਾਂ ਦੀ ਭਰਤੀ ਨੂੰ ਪ੍ਰਵਾਨਗੀ ਦੇ ਦਿੱਤੀ ਏ। ਇਸ ਸਬੰਧੀ ਫ਼ੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿਚ ਲਿਆ ਏ। ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਕਿਹਾ ਕਿ ਇਹ ਫ਼ੈਸਲਾ ਹਸਪਤਾਲਾਂ ਤੇ ਮੈਡੀਕਲ ਸੰਸਥਾਵਾਂ ਵਿਚ ਮਨੁੱਖੀ ਵਸੀਲਿਆਂ ਦੇ ਪਾੜੇ ਨੂੰ ਪੂਰਨ ਲਈ ਵਿਆਪਕ ਯੋਜਨਾ ਦਾ ਹਿੱਸਾ ਏ। ਮੰਤਰੀ ਮੰਡਲ ਨੇ ਸਮਾਜਿਕ ਸੁਰੱਖਿਆ, ਔਰਤਾਂ ਤੇ ਬੱਚਿਆਂ ਨਾਲ ਸਬੰਧਤ ਸੂਬਾ ਤੇ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਨੂੰ

ਅਸਰਦਾਰ ਢੰਗ ਨਾਲ ਲਾਗੂ ਕਰਨ ਲਈ ਬਾਲ ਵਿਕਾਸ ਪ੍ਰੋਜੈਕਟ ਅਫਸਰਾਂ ਦੀਆਂ 16 ਖਾਲੀ ਅਸਾਮੀਆਂ ਨੂੰ ਬਹਾਲ ਕਰ ਕੇ ਪੀ.ਪੀ.ਐੱਸ.ਸੀ. ਰਾਹੀਂ ਇਸ ਦੀ ਭਰਤੀ ਦੀ ਮੰਜ਼ੂਰੀ ਵੀ ਦੇ ਦਿੱਤੀ ਏ । ਮੰਤਰੀ ਮੰਡਲ ਵਲੋਂ ਭਾਖੜਾ-ਬਿਆਸ ਪ੍ਰਬੰਧਕੀ ਬੋਰਡ ਵਿਚ ਤਾਇਨਾਤ ਕੀਤੇ ਜਾਣ ਵਾਲੇ 2, ਹਜ਼ਾਰ 458 ਮੁਲਾਜ਼ਮਾਂ ਦਾ ਵੱਖਰਾ ਕਾਡਰ ਬਣਾਉਣ ਨੂੰ ਵੀ ਮਨਜ਼ੂਰ ਕੀਤਾ ਗਿਆ ਏ. ਇਸ ਤੋਂ ਇਲਾਵਾ ਮੰਤਰੀ ਮੰਡਲ ਨੇ ਮੈਡੀਕਲ ਸਿੱਖਿਆ ਤੇ ਖੋਜ ਵਿਭਾਗ ਵਿਚ ਮੈਡੀਕਲ ਟੀਚਿੰਗ ਫੈਕਲਟੀ ਤੋਂ ਤਰੱਕੀ ਰਾਹੀਂ ਭਰੀਆਂ ਜਾਂਦੀਆਂ ਪ੍ਰਸ਼ਾਸਕੀ ਅਸਾਮੀਆਂ ਲਈ ਸੇਵਾ-ਮੁਕਤੀ ਉਮਰ ਮੌਜੂਦਾ 62 ਤੋਂ ਵਧਾ ਕੇ 65 ਸਾਲ ਕਰਨ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ । ਨਾਲ ਹੀ ਮੰਤਰੀ ਮੰਡਲ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350ਵੇਂ ਸ਼ਹੀਦੀ ਦਿਵਸ ਮਨਾਉਣ ਲਈ ਯਾਦਗਾਰੀ ਸਮਾਗਮਾਂ ਦੇ ਹਿੱਸੇ ਵਜੋਂ ਸ੍ਰੀ ਅਨੰਦਪੁਰ ਸਾਹਿਬ ਵਿਚ 24 ਨਵੰਬਰ ਨੂੰ ਪੰਜਾਬ ਵਿਧਾਨ ਸਭਾ ਦਾ ਖਾਸ ਇਜਲਾਸ ਬੁਲਾਉਣ ਲਈ ਵੀ ਸਹਿਮਤੀ ਦਿੱਤੀ ਏ ।

---------------------------------------------------

ਦੇਸ਼ ਅੱਜ ਗ਼ਦਰ ਲਹਿਰ ਦੇ ਮਹਾਨਾਇਕ ਸ਼ਹੀਦ ਸਰਦਾਰ ਕਰਤਾਰ ਸਿੰਘ ਸਰਾਭਾ ਸਮੇਤ ਸੱਤ ਗ਼ਦਰੀ ਯੋਧਿਆਂ ਦੀ ਸ਼ਹਾਦਤ ਨੂੰ ਨਮਨ ਕਰ ਰਿਹਾ ਏ. ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਆਜ਼ਾਦੀ ਘੁਲਾਟੀਏ ਕਰਤਾਰ ਸਿੰਘ ਸਰਾਭਾ ਨੂੰ ਉਨ੍ਹਾਂ ਦੀ ਬਰਸੀ ਮੌਕੇ ਸ਼ਰਧਾਂਜਲੀ ਭੇਂਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਕਰਤਾਰ ਸਿੰਘ ਸਰਾਭਾ ਨੇ ਆਪਣਾ ਜੀਵਨ ਭਾਰਤ ਦੀ ਆਜ਼ਾਦੀ ਲਈ ਸਮਰਪਿਤ ਕਰ ਦਿੱਤਾ ਸੀ। ਗ੍ਰਿਹ ਮੰਤਰੀ ਨੇ ਕਿਹਾ ਕਿ ਗ਼ਦਰ ਪਾਰਟੀ ਰਾਹੀਂ ਉਨ੍ਹਾਂ ਨੇ ਵਿਦੇਸ਼ਾਂ ਵਿੱਚ ਰਹਿੰਦੇ ਭਾਰਤੀਆਂ ਨੂੰ ਦੇਸ਼ ਦੀ ਆਜ਼ਾਦੀ ਲਈ ਕੰਮ ਕਰਨ ਲਈ ਪ੍ਰੇਰਿਤ ਕੀਤਾ। ਸ੍ਰੀ ਸ਼ਾਹ ਨੇ ਅੱਗੇ ਕਿਹਾ ਕਿ ਕਰਤਾਰ ਸਿੰਘ ਸਰਾਭਾ ਦੀ ਕੁਰਬਾਨੀ ਨੇ ਆਜ਼ਾਦੀ ਅੰਦੋਲਨ ਨੂੰ ਹੋਰ ਮਜ਼ਬੂਤ ਕੀਤਾ। ਮੰਤਰੀ ਨੇ ਕਿਹਾ ਕਿ ਉਨ੍ਹਾਂ ਦਾ ਜੀਵਨ ਹਰ ਦੇਸ਼ ਭਗਤ ਨੂੰ ਸ਼ਰਧਾ ਨਾਲ ਮਾਤ ਭੂਮੀ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦਾ ਰਹੇਗਾ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਗ਼ਦਰ ਲਹਿਰ ਦੇ ਮਹਾਨਾਇਕ ਸ਼ਹੀਦ ਸਰਦਾਰ ਕਰਤਾਰ ਸਿੰਘ ਸਰਾਭਾ ਸਮੇਤ ਸੱਤ ਗ਼ਦਰੀ ਯੋਧਿਆਂ

ਦੀ ਸ਼ਹਾਦਤ ਨੂੰ ਨਮਨ ਕੀਤਾ ਏ. ਇਸ ਮੌਕੇ ਇੱਕ ਸੋਸ਼ਲ ਮੀਡੀਆ ਪੋਸਟ ਵਿਚ ਸ਼੍ਰੀ ਮਾਨ ਨੇ ਕਿਹੈ ਕਿ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਕ੍ਰਾਂਤੀਕਾਰੀ ਯੋਧਿਆਂ ਨੂੰ ਉਹਨਾਂ ਦੀ ਹਿੰਮਤ ਅਤੇ ਦੇਸ਼ ਪ੍ਰਤੀ ਪਿਆਰ ਲਈ ਹਮੇਸ਼ਾ ਯਾਦ ਰੱਖਿਆ ਜਾਵੇਗਾ।

---------------------------------------------------------------

ਪੰਜਾਬ ਪੁਲਿਸ ਵੱਲੋਂ ਮੱਧ ਪ੍ਰਦੇਸ਼ ਸਥਿਤ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਨ ਤੋਂ ਇੱਕ ਦਿਨ ਬਾਅਦ, ਪੁਲਿਸ ਨੇ ਅੱਜ ਪੰਜ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਪਾਕਿਸਤਾਨ ਨਾਲ ਜੁੜੇ ਹਥਿਆਰਾਂ ਅਤੇ ਨਾਰਕੋ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ । ਉਨ੍ਹਾਂ ਦੇ ਕਬਜ਼ੇ ਵਿੱਚੋਂ ਛੇ ਆਧੁਨਿਕ ਪਿਸਤੌਲਾਂ ਦੇ ਨਾਲ-ਨਾਲ 1 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਗਈ ਏ । ਪੁਲਿਸ ਹਲਕਿਆਂ ਮੁਤਾਬਿਕ, ਗ੍ਰਿਫ਼ਤਾਰ ਕੀਤੇ ਗਏ ਪੰਜ ਮੁਲਜ਼ਮ, ਪੰਜਾਬ ਦੇ ਅੰਦਰ ਗੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਨੂੰ ਇਕੱਠਾ ਕਰਨ ਅਤੇ ਪਹੁੰਚਾਉਣ ਲਈ ਸੋਸ਼ਲ ਮੀਡੀਆ

ਐਪਲੀਕੇਸ਼ਨਾਂ ਰਾਹੀਂ ਪਾਕਿਸਤਾਨ ਸਥਿਤ ਹੈਂਡਲਰਾਂ ਨਾਲ ਤਾਲਮੇਲ ਕਰ ਰਹੇ ਸਨ। ਸਾਰੇ ਮੁਲਜ਼ਮ ਅੰਤਰਰਾਸ਼ਟਰੀ ਸਰਹੱਦ ਦੇ ਨੇੜੇ ਸਥਿਤ ਅੰਮ੍ਰਿਤਸਰ ਅਤੇ ਤਰਨਤਾਰਨ ਦੇ ਪਿੰਡਾਂ ਨਾਲ ਸਬੰਧਤ ਨੇ ਅਤੇ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ ਅਨੁਸਾਰ ਖੇਪ ਪ੍ਰਾਪਤ ਕਰ ਰਹੇ ਸਨ। ਹੋਰ ਜਾਂਚ ਜਾਰੀ ਏ ।

---------------------------------------------------------------

ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਐਲਾਨ ਕੀਤਾ ਏ ਕਿ ਪੰਜਾਬ ਸਰਕਾਰ ਨੇ ਨੌਵੇਂ ਗੁਰੂ, ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੀ ਯਾਦ ਵਿੱਚ 23 ਤੋਂ 25 ਨਵੰਬਰ ਤੱਕ ਖ਼ਾਲਸੇ ਦੀ ਪਵਿੱਤਰ ਧਰਤੀ, ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਵਿਸ਼ੇਸ਼ ਸਮਾਗਮਾਂ ਦਾ ਵੇਰਵੇ ਸਹਿਤ ਸ਼ਡਿਊਲ ਜਾਰੀ ਕਰ ਦਿੱਤਾ ਏ । ਰਾਜ ਸਰਕਾਰ ਨੇ ਇਨ੍ਹਾਂ ਸਮਾਗਮਾਂ ਦੀ ਸਫਲ ਯੋਜਨਾਬੰਦੀ ਅਤੇ ਅਮਲ ਲਈ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਦੇ ਵਿਭਾਗ ਨੂੰ, ਨੋਡਲ ਵਿਭਾਗ ਵਜੋਂ ਨਾਮਜ਼ਦ ਕੀਤਾ ਏ । ਮੰਤਰੀ ਨੇ ਦੱਸਿਆ ਕਿ ਇਹ ਪ੍ਰੋਗਰਾਮ 23 ਨਵੰਬਰ ਨੂੰ ਸ੍ਰੀ

ਅਖੰਡ ਪਾਠ ਸਾਹਿਬ ਦੀ ਸ਼ੁਰੂਆਤ ਨਾਲ ਸ਼ੁਰੂ ਹੋਵੇਗਾ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਪੰਜਾਬ ਵਿਧਾਨ ਸਭਾ ਦਾ ਇੱਕ ਵਿਸ਼ੇਸ਼ ਸੈਸ਼ਨ ਵੀ ਇੱਥੇ ਹੋਣਾ ਤੈਅ ਕੀਤਾ ਗਿਆ ਏ । ਤਿੰਨ ਦਿਨਾਂ ਦੇ ਯਾਦਗਾਰੀ ਸਮਾਗਮਾਂ ਦੀ ਸਮਾਪਤੀ ਇੱਕ ਸ਼ਾਨਦਾਰ ਡਰੋਨ ਸ਼ੋਅ ਨਾਲ ਹੋਵੇਗੀ।

-------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਅੱਜ ਡੇਰਾ ਸ੍ਰੀ 108 ਸੰਤ ਸਰਵਣ ਦਾਸ ਜੀ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਕੇ ਸੂਬੇ ਦੇ ਹਰ ਵਰਗ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਡੇਰੇ ਦੇ ਮੌਜੂਦਾ ਗੱਦੀਨਸ਼ੀਨ ਸੰਤ ਨਿਰੰਜਣ ਦਾਸ ਜੀ ਦੇ ਦਰਸ਼ਨ ਕਰਨ ਉਪਰੰਤ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਸੰਤ ਨਿਰੰਜਣ ਦਾਸ ਜੀ, ਜੋ ਕਿ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਮੰਦਰ ਪਬਲਿਕ ਚੈਰੀਟੇਬਲ ਟਰੱਸਟ ਕਾਂਸ਼ੀ ਬਨਾਰਸ ਦੇ ਚੇਅਰਮੈਨ ਵੀ ਨੇ, ਨਾਲ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਸਬੰਧੀ ਡੂੰਘੀ ਵਿਚਾਰ-ਚਰਚਾ ਕੀਤੀ ਗਈ।

---

ਮਰਦਾਂ ਦੇ ਕ੍ਰਿਕੇਟ ਵਿੱਚ, ਦੱਖਣੀ ਅਫਰੀਕਾ ਨੇ ਕੋਲਕਾਤਾ ਦੇ ਈਡਨ ਗਾਰਡਨਸ ਵਿਖੇ ਦੋ ਮੈਚਾਂ ਦੀ ਲੜੀ ਦੇ ਪਹਿਲੇ ਟੈਸਟ ਵਿੱਚ ਮੇਜ਼ਬਾਨ ਭਾਰਤ ਨੂੰ 30 ਦੌੜਾਂ ਨਾਲ ਹਰਾ ਦਿੱਤਾ ਏ । ਦੱਖਣੀ ਅਫਰੀਕਾ ਵਲੋਂ ਦਿੱਤੇ ਗਏ 124 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ, ਭਾਰਤ ਦੀ ਪੂਰੀ ਟੀਮ ਆਪਣੀ ਦੂਜੀ ਪਾਰੀ ਵਿੱਚ 93 ਦੌੜਾਂ 'ਤੇ ਆਊਟ ਹੋ ਗਈ. ਭਾਰਤੀ ਟੀਮ 10 ਖਿਡਾਰੀਆਂ ਨਾਲ ਖੇਡ ਰਹੀ ਸੀ ਕਿਉਂਕਿ ਕਪਤਾਨ ਸ਼ੁਭਮਨ ਗਿੱਲ, ਕੱਲ੍ਹ ਦੀ ਖੇਡ ਦੌਰਾਨ ਗਰਦਨ ਦੀ ਸੱਟ ਤੋਂ ਬਾਅਦ ਖੇਡ ਨਹੀਂ ਸਕੇ ਸਨ.

---

ਗ੍ਰੇਟਰ ਨੋਇਡਾ ਦੇ ਸ਼ਹੀਦ ਵਿਜੇ ਸਿੰਘ ਪਥਿਕ ਸਪੋਰਟਸ ਕੰਪਲੈਕਸ ਵਿਖੇ ਵਿਸ਼ਵ ਮੁੱਕੇਬਾਜ਼ੀ ਕੱਪ ਦੇ ਫਾਈਨਲਸ ਦੇ ਪਹਿਲੇ ਦਿਨ, ਭਾਰਤ ਨੇ ਜੇਤੂ ਸ਼ੁਰੂਆਤ ਕੀਤੀ, ਜਿਸ ਵਿੱਚ ਚਾਰੇ ਮੁੱਕੇਬਾਜ਼ ਆਪਣੇ ਕੁਆਰਟਰ ਫਾਈਨਲ ਮੁਕਾਬਲਿਆਂ ਵਿੱਚ ਜਿੱਤ

ਦਰਜ ਕਰਕੇ ਸੈਮੀਫਾਈਨਲ ਵਿੱਚ ਪਹੁੰਚ ਗਏ। ਔਰਤਾਂ ਦੇ 48 ਕਿਲੋਗ੍ਰਾਮ ਅਤੇ 58 ਕਿਲੋਗ੍ਰਾਮ ਵਰਗਾਂ ਵਿੱਚ, ਮੀਨਾਕਸ਼ੀ ਅਤੇ ਪ੍ਰੀਤੀ ਦੋਵਾਂ ਨੇ ਕ੍ਰਮਵਾਰ ਕਜ਼ਾਕਿਸਤਾਨ ਦੀ ਬੋਲਟ ਅਕਬੋਟਾ ਅਤੇ ਉਜ਼ਬੇਕਿਸਤਾਨ ਦੀ ਉਕਤਾਮੋਵਾ ਨਿਗੀਨਾ ਵਿਰੁੱਧ ਸਰਬਸੰਮਤੀ ਨਾਲ ਜਿੱਤ ਦਰਜ ਕੀਤੀ। ਭਾਰਤ ਦੇ ਮਰਦ ਮੁੱਕੇਬਾਜਾਂ ਨੇ ਵੀ ਜਿੱਤਾਂ ਨਾਲ ਸ਼ੁਰੂਆਤ ਕੀਤੀ: ਮਰਦਾਂ ਦੇ 80 ਕਿਲੋਗ੍ਰਾਮ ਅਤੇ 90+ ਵਰਗਾਂ ਵਿੱਚ, ਅੰਕੁਸ਼ ਅਤੇ ਨਰੇਂਦਰ, ਕ੍ਰਮਵਾਰ ਜਾਪਾਨ ਦੇ ਵਾਕਾਇਆ ਗੋ ਅਤੇ ਯੂਕਰੇਨ ਦੇ ਮਾਮਾ-ਸੋਲੀਵ ਖਲੀਮਜੋਨ ਵਿਰੁੱਧ ਜਿੱਤਾਂ ਨਾਲ ਸੈਮੀਫਾਈਨਲ ਵਿੱਚ ਪਹੁੰਚੇ।

---------------------------------------------------

**ਖਾਸ ਖਬਰਾਂ ਇੱਕ ਵਾਰ ਫੇਰ ਸੁਣ ਲਓ**

- ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਰਾਸ਼ਟਰੀ ਪ੍ਰੈਸ ਦਿਵਸ ਮੌਕੇ Manorama Newsmaker Award ਪ੍ਰਦਾਨ ਕੀਤਾ.

- ਪੰਜਾਬ ਮੰਤਰੀਮੰਡਲ ਨੇ ਪਰਿਵਾਰ ਭਲਾਈ ਵਿਭਾਗ ਵਿਚ 311 ਨਰਸਾਂ ਦੀ ਭਰਤੀ ਸਮੇਤ ਕਈ ਅਹਿਮ ਫੈਸਲਿਆਂ ਨੂੰ ਮਨਜ਼ੂਰ ਕੀਤਾ.
- ਦੇਸ਼ ਅੱਜ ਗ਼ਦਰ ਲਹਿਰ ਦੇ ਮਹਾਨਾਇਕ ਸ਼ਹੀਦ ਸਰਦਾਰ ਕਰਤਾਰ ਸਿੰਘ ਸਰਾਭਾ ਸਮੇਤ ਸੱਤ ਗ਼ਦਰੀ ਯੋਧਿਆਂ ਦੀ ਸ਼ਹਾਦਤ ਨੂੰ ਨਮਨ ਕਰ ਰਿਹਾ ਏ.
- ਪੰਜਾਬ ਪੁਲਿਸ ਨੇ ਪੰਜ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਪਾਕਿਸਤਾਨ ਨਾਲ ਜੁੜੇ ਹਥਿਆਰਾਂ ਅਤੇ ਨਾਰਕੋ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ।
- ਵਿਸ਼ਵ ਮੁੱਕੇਬਾਜ਼ੀ ਕੱਪ ਦੇ ਫਾਈਨਲਸ ਦੇ ਪਹਿਲੇ ਦਿਨ, ਭਾਰਤ ਦੀ ਜੇਤੂ ਸ਼ੁਰੂਆਤ, ਚਾਰੇ ਮੁੱਕੇਬਾਜ਼ ਸੈਮੀਫਾਈਨਲ ਵਿੱਚ ਪਹੁੰਚੇ

**ਆਕਾਸ਼ਵਾਣੀ ਤੋਂ ਖਬਰਾਂ ਖਤਮ ਹੋਈਆਂ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਤੁਸੀਂ ਸੁਣੋਗੇ ਸ਼ਾਮ ਸਾਢੇ 7 ਵਜੇ. ਨਮਸ੍ਕਾਰ**